# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :03-01-2026**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਭਗਵਾਨ ਬੁੱਧ ਨਾਲ ਸਬੰਧਤ ਪਵਿੱਤਰ ਪਿਪ੍ਰਹਵਾ ਅਵਸ਼ੇਸ਼ਾਂ ਦੀ ਵਿਸ਼ਾਲ ਅੰਤਰਰਾਸ਼ਟਰੀ ਨੁਮਾਇਸ਼ ਦਾ ਉਦਘਾਟਨ ਕੀਤਾ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਸਿੱਖਿਆ ਵਿਭਾਗ ਵਿੱਚ ਨਵੇਂ ਭਰਤੀ ਹੋਏ 606 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ |

- ਅੰਮ੍ਰਿਤਸਰ ਪੁਲਿਸ ਵਲੋਂ ਬੀਤੇ ਕੁਝ ਸਾਲ ਪਹਿਲਾਂ ਗੁਮ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ'ਚ ਇੱਕ ਵਿਅਕਤੀ ਨੂੰ ਚੰਡੀਗੜ੍ਹ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ।

- ਦੇਸ਼ ਭਰ ਵਿਚ NCC ਕੈਡੇਟਸ ਦੀ ਗਿਣਤੀ 'ਚ ਕੁੜੀਆਂ ਦਾ ਹਿੱਸਾ ਵਧਿਆ. ਇਸ ਸਾਲ ਗਣਤੰਤਰ ਦਿਵਸ 'ਤੇ ਕਰੀਬ 900 ਕੇਦੇਟ੍ਸ ਹਿੱਸਾ ਲੈ ਰਹੀਆਂ ਨੇ |

- ਭਾਰਤੀ ਮੌਸਮ ਵਿਭਾਗ ਨੇ ਇਸ ਮਹੀਨੇ ਦੀ 9 ਤਰੀਕ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਸੰਘਣੀ ਧੁੰਦ ਦਾ RED ALERT ਜਾਰੀ ਕੀਤਾ ਏ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਰਾਏ ਪਿਥੋਰਾ ਸੱਭਿਆਚਾਰਕ ਕੰਪਲੈਕਸ ਵਿਖੇ ਭਗਵਾਨ ਬੁੱਧ ਨਾਲ ਸਬੰਧਤ ਪਵਿੱਤਰ ਪਿਪ੍ਰਹਵਾ ਅਵਸ਼ੇਸ਼ਾਂ ਦੀ ਵਿਸ਼ਾਲ ਅੰਤਰਰਾਸ਼ਟਰੀ ਨੁਮਾਇਸ਼ ਦਾ

ਉਦਘਾਟਨ ਕੀਤਾ। ਇਸ ਨੁਮਾਇਸ਼  ਦਾ ਸਿਰਲੇਖ 'ਪ੍ਰਕਾਸ਼ ਤੇ ਕਮਲ - ਪ੍ਰਬੁੱਧ ਵਿਅਕਤੀ ਦੇ ਅਵਸ਼ੇਸ਼' ਏ । ਪ੍ਰਧਾਨ ਮੰਤਰੀ ਨੇ ਭਗਵਾਨ ਬੁੱਧ ਨਾਲ ਸਬੰਧਤ ਨੁਮਾਇਸ਼ ਦੇ ਵੱਖ-ਵੱਖ ਹਿੱਸਿਆਂ ਨੂੰ ਦੇਖਿਆ ਵੀ. ਪ੍ਰਧਾਨ ਮੰਤਰੀ ਨੇ ਇਸ ਨੁਮਾਇਸ਼ ਦਾ ਕੈਟਾਲਾਗ ਵੀ ਜਾਰੀ ਕੀਤਾ. ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ, ਲੰਮੇ ਇੰਤਜ਼ਾਰ ਤੋਂ ਬਾਅਦ, ਦੇਸ਼ ਦਾ ਵਿਰਸਾ, ਘਰ ਵਾਪਸ ਆ ਗਿਆ ਏ-

byte

1898 ਵਿੱਚ ਖੋਜੇ ਗਏ, ਪਿਪ੍ਰਹਵਾ ਅਵਸ਼ੇਸ਼ ਸ਼ੁਰੂਆਤੀ ਬੁੱਧ ਧਰਮ ਦੇ ਪੁਰਾਸਾਰੀ ਅਧਿਐਨ ਵਿੱਚ ਇੱਕ ਕੇਂਦਰੀ ਸਥਾਨ ਰੱਖਦੇ ਨੇ.

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਸਮਾਰੋਹ ਦੌਰਾਨ, ਸੂਬੇ ਦੇ ਸਿੱਖਿਆ ਵਿਭਾਗ ਵਿੱਚ 606 ਨਵੇਂ ਭਰਤੀ ਹੋਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ. ਨਵੇਂ ਨਿਯੁਕਤ ਹੋਏ ਉਮੀਦਵਾਰਾਂ ਵਿੱਚ 385 ਸਪੈਸ਼ਲ ਐਜੂਕੇਟਰ ਅਧਿਆਪਕ, 157 ਪ੍ਰਾਇਮਰੀ ਅਧਿਆਪਕ, ਅੱਠ ਪ੍ਰਿੰਸੀਪਲ ਅਤੇ 56 ਮੁਲਾਜ਼ਮ ਸ਼ਾਮਲ ਨੇ

ਜਿਹਨਾਂ ਨੂੰ ਸਰਕਾਰੀ ਨੌਕਰੀ ਵਿਚਲੇ ਓਹਨਾਂ ਦੇ ਪਰਿਵਾਰ ਦੇ ਮੈਂਬਰ ਦਾ ਦੇਹਾਂਤ ਹੋ ਜਾਣ ਤੋਂ ਬਾਅਦ ਹਮਦਰਦੀ  ਦੇ ਆਧਾਰ 'ਤੇ ਭਰਤੀ ਕੀਤਾ ਗਿਆ ਏ. ਇੱਕ ਪ੍ਰੈਸ ਨੋਟ ਮੁਤਾਬਿਕ, ਮਿਸ਼ਨ ਰੋਜ਼ਗਾਰ ਤਹਿਤ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਦੇ ਨੌਜਵਾਨਾਂ ਨੂੰ 61,ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਨੇ. ਨਵੇਂ ਨਿਯੁਕਤ ਸਪੈਸ਼ਲ ਐਜੂਕੇਟਰ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਜ਼ਿੰਮੇਵਾਰੀ ਅਧਿਆਪਨ ਤੋਂ ਵੀ ਵੱਧ ਏ । ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਫਰਜ਼ ਸਿਰਫ਼ ਬੱਚਿਆਂ ਨੂੰ ਸਿੱਖਿਆ ਦੇਣਾ ਹੀ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਕਰਨਾ ਵੀ ਏ । ਬੱਚਿਆਂ ਦੇ ਭਵਿੱਖ ਨੂੰ ਨੁਹਾਰ ਦੇਣ ਵਿੱਚ ਉਨ੍ਹਾਂ ਦੀ ਭੂਮਿਕਾ ਹੋਰ ਵੀ ਵੱਡੀ ਹੋਵੇਗੀ। ਸ੍ਰੀ ਮਾਨ ਨੇ ਨਵੇਂ ਨਿਯੁਕਤ ਵਿਅਕਤੀਆਂ ਨੂੰ ਇਸ ਮਹਾਨ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਵਚਨਬੱਧਤਾ ਨਾਲ ਨਿਭਾਉਣ ਦੀ ਅਪੀਲ ਕੀਤੀ। ਸਿੱਖਿਆ ਖੇਤਰ ਵਿੱਚ ਇੱਕ ਵੱਡੇ ਸੁਧਾਰ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਭਰ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਸਪੈਸ਼ਲ ਐਜੂਕੇਟਰ

ਅਧਿਆਪਕਾਂ ਦਾ ਇੱਕ ਵੱਖਰਾ ਕਾਡਰ ਬਣਾਇਆ ਗਿਆ ਏ । ਉਨ੍ਹਾਂ ਕਿਹਾ ਕਿ ਇਸ ਸਮੇਂ ਸਰਕਾਰੀ ਸਕੂਲਾਂ ਵਿੱਚ ਲਗਭਗ 48, ਹਜ਼ਾਰ ਵਿਸ਼ੇਸ਼ ਲੋੜਾਂ ਵਾਲੇ ਬੱਚੇ ਦਾਖਲ ਨੇ. ਉਨ੍ਹਾਂ ਲਈ ਮਿਆਰੀ ਸਿੱਖਿਆ ਯਕੀਨੀ ਬਣਾਉਣ ਲਈ, ਸਰਕਾਰ ਨੇ ਇਸ ਵਿਸ਼ੇਸ਼ ਕੇਡਰ ਅਧੀਨ ਅਧਿਆਪਕ ਨਿਯੁਕਤ ਕੀਤੇ ਨੇ ਤਾਂ ਜੋ ਅਜਿਹੇ ਬੱਚਿਆਂ ਨੂੰ ਪ੍ਰਾਇਮਰੀ ਅਤੇ ਸੈਕੰਡਰੀ ਦੋਵਾਂ ਪੱਧਰਾਂ 'ਤੇ ਹੁਨਰ ਵਿਕਸਤ ਕਰਨ ਵਿੱਚ ਮਦਦ ਕੀਤੀ ਜਾ ਸਕੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਹੀਦ ਭਗਤ ਸਿੰਘ ਅੰਤਰ-ਰਾਸ਼ਟਰੀ ਹਵਾਈ ਅੱਡੇ ਤੋਂ ਹੋਰ ਅੰਤਰ-ਰਾਸ਼ਟਰੀ ਉਡਾਣਾਂ ਸ਼ੁਰੂ ਕਰਨ ਦੀ ਵਕਾਲਤ ਕਰਦਿਆਂ ਕਿਹੈ ਕਿ ਵਿਦੇਸ਼ੀ ਕਾਰਜਾਂ ਦਾ ਪਸਾਰ ਕਰਨ ਨਾਲ ਪੂਰੇ ਖਿੱਤੇ ਵਿੱਚ ਆਰਥਿਕ ਗਤੀਵਿਧੀਆਂ, ਸੈਰ-ਸਪਾਟਾ ਅਤੇ ਪੂੰਜੀਕਾਰੀ ਨੂੰ ਉਤਸ਼ਾਹ ਮਿਲੇਗਾ। ਮੁੱਖ ਮੰਤਰੀ ਨੇ ਇਹ ਗੱਲ ਚੰਡੀਗੜ੍ਹ ਕੌਮਾਂਤਰੀ ਹਵਾਈ ਅੱਡਾ ਲਿਮਟਿਡ ਵੱਲੋਂ ਪੰਜਾਬ ਸਰਕਾਰ ਨੂੰ 19 ਕਰੋੜ ਰੁਪਏ ਦਾ ਅੰਤਰਿਮ DIVIDEND ਜਾਂ ਲਾਭ ਦਾ ਹਿੱਸਾ ਸੌਂਪਣ

ਸਮੇਂ ਕਹੀ । ਉਨ੍ਹਾਂ ਕਿਹਾ ਕਿ ਮੋਹਾਲੀ ਤੋਂ ਮਜ਼ਬੂਤ ਆਲਮੀ ਹਵਾਈ ਸੰਪਰਕ ਉੱਦਮੀਆਂ ਅਤੇ ਵਪਾਰੀਆਂ ਲਈ ਪਹੁੰਚ ਨੂੰ ਆਸਾਨ ਬਣਾਉਣ ਦੇ ਨਾਲ-ਨਾਲ ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਕਰੇਗਾ ਅਤੇ ਪੰਜਾਬ ਨੂੰ ਅੰਤਰ-ਰਾਸ਼ਟਰੀ ਕਾਰੋਬਾਰ ਅਤੇ ਸੈਰ-ਸਪਾਟੇ ਲਈ ਪਸੰਸਦੀਦਾ ਥਾਂ ਵਜੋਂ ਸਥਾਪਤ ਕਰੇਗਾ।

---------------------------------------------------------------

ਅੰਮ੍ਰਿਤਸਰ ਪੁਲਿਸ ਵਲੋਂ ਬੀਤੇ ਕੁਝ ਸਾਲ ਪਹਿਲਾਂ ਗੁਮ ਹੋਏ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ'ਚ ਕਾਰਵਾਈ ਕਰਦਿਆਂ ਸਤਿੰਦਰ ਸਿੰਘ ਕੋਹਲੀ ਨਾਂ ਦੇ ਇੱਕ ਵਿਅਕਤੀ ਨੂੰ ਚੰਡੀਗੜ੍ਹ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ । ਪੁਲਿਸ ਵੱਲੋਂ ਉਸ ਨੂੰ ਅੱਜ ਅਦਾਲਤ ਵਿੱਚ ਪੇਸ਼ ਕਰਕੇ ਛੇ ਦਿਨਾਂ ਦਾ ਰਿਮਾਂਡ ਹਾਸਲ ਕੀਤਾ ਗਿਆ ਏ । ਇਸ ਮਾਮਲੇ ਵਿੱਚ ਕੁੱਲ 16 ਲੋਕਾਂ ਖ਼ਿਲਾਫ਼ FIR ਦਰਜ ਕੀਤੀ ਗਈ ਏ, ਜਿਸ ਵਿੱਚੋਂ ਇਹ ਪਹਿਲੀ ਗ੍ਰਿਫ਼ਤਾਰੀ ਏ । ਮੀਡੀਆ ਨਾਲ ਗੱਲਬਾਤ ਕਰਦਿਆਂ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ 7 ਜੁਲਾਈ 2025 ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇਹਨਾਂ ਪਾਵਨ

ਸਰੂਪਾਂ ਦੇ ਲਾਪਤਾ ਹੋਣ ਸਬੰਧੀ ਇੱਕ FIR ਦਰਜ ਕੀਤੀ ਗਈ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਇੱਕ ਵਿਸ਼ੇਸ਼ ਜਾਂਚ ਟੀਮ (SIT) ਦਾ ਗਠਨ ਕੀਤਾ ਗਿਆ ਸੀ ਜੋ ਡੂੰਘੀ ਜਾਂਚ ਕਰ ਰਹੀ ਏ । ਪੁਲਿਸ ਕਮਿਸ਼ਨਰ ਭੁੱਲਰ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ-

BYTE

ਇਸ ਮਾਮਲੇ ’ਤੇ ਬੋਲਦੇ ਹੋਏ ਭਾਜਪਾ ਆਗੂ ਤਰੁਣ ਚੁੱਗ ਨੇ ਕਿਹਾ ਕਿ ਇਸ ਕੇਸ ਵਿੱਚ ਦੋਸ਼ੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਏ ਅਤੇ ਇਸ ਮਾਮਲੇ ਨੂੰ ਸਿਆਸਤ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਏ ।

------------------------------------------------------------

ਰਾਸ਼ਟਰੀ ਕੈਡੇਟ ਕੋਰ (NCC) ਗਣਤੰਤਰ ਦਿਵਸ ਕੈਂਪ 2026 ਦਿੱਲੀ ਛਾਉਣੀ ਦੇ ਕਰਿਅੱਪਾ ਪਰੇਡ ਗਰਾਊਂਡ ਵਿਖੇ ਕਰਾਇਆ ਜਾ ਰਿਹਾ ਏ. ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਮਹੀਨਾ ਭਰ ਚੱਲਣ ਵਾਲੇ ਇਸ ਕੈਂਪ ਦਾ ਉਦੇਸ਼ ਗਣਤੰਤਰ ਦਿਵਸ 'ਤੇ ਰਾਸ਼ਟਰੀ ਰਾਜਧਾਨੀ ਵਿੱਚ ਹੋ ਰਹੇ ਪ੍ਰੋਗਰਾਮਾਂ ਰਾਹੀਂ ਦੇਸ਼ ਦੇ ਅਮੀਰ ਸੱਭਿਆਚਾਰ ਨੂੰ ਪੇਸ਼ ਕਰਨਾ

ਏ । ਇਸ ਕੈਂਪ ਵਿੱਚ ਦੇਸ਼ ਭਰ ਤੋਂ ਕੁੱਲ 2,ਹਜ਼ਾਰ 406 NCC ਕੈਡੇਟ ਹਿੱਸਾ ਲੈ ਰਹੇ ਨੇ, ਜਿਨ੍ਹਾਂ ਵਿੱਚ 898 ਕੁੜੀਆਂ ਸ਼ਾਮਲ ਨੇ. ਇਸ ਸਾਲ, ਜੰਮੂ-ਕਸ਼ਮੀਰ ਅਤੇ ਲੱਦਾਖ ਤੋਂ 127 ਕੈਡੇਟ ਅਤੇ ਉੱਤਰ-ਪੂਰਬੀ ਖੇਤਰ ਤੋਂ 131 ਕੈਡੇਟ ਹਿੱਸਾ ਲੈ ਰਹੇ ਨੇ. ਯੂਥ ਐਕਸਚੇਂਜ ਪ੍ਰੋਗਰਾਮ ਤਹਿਤ 25 ਦੋਸਤਾਨਾ ਦੇਸ਼ਾਂ ਦੇ ਕੈਡੇਟ ਅਤੇ ਅਧਿਕਾਰੀ ਵੀ ਹਿੱਸਾ ਲੈ ਰਹੇ ਨੇ. ਗਣਤੰਤਰ ਦਿਵਸ ਪਰੇਡ ਦੌਰਾਨ, NCC ਕੈਡੇਟ ਫਾਇਰਿੰਗ ਅਤੇ ਮਾਰਚਿੰਗ ਸਮੇਤ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲੈਣਗੇ। ਕੈਂਪ 28 ਜਨਵਰੀ ਨੂੰ ਪ੍ਰਧਾਨ ਮੰਤਰੀ ਦੀ ਰੈਲੀ ਨਾਲ ਸਮਾਪਤ ਹੋਵੇਗਾ। ਲੈਫਟੀਨੈਂਟ ਜਨਰਲ ਵੀਰੇਂਦਰ ਵਤਸ ਨੇ ਦੱਸਿਆ ਕਿ NCC ਕੈਡੇਟਾਂ ਦੀ ਕੁੱਲ ਗਿਣਤੀ 17 ਲਖ ਤੋਂ ਵਧ ਕੇ 20 ਲੱਖ ਹੋ ਗਈ ਏ, ਜਿਨ੍ਹਾਂ ਵਿੱਚੋਂ 40 ਫੀਸਦੀ ਕੁੜੀਆਂ ਕੈਡੇਟਸ ਨੇ.

---------------------------------------------------------------------

ਅੰਮ੍ਰਿਤਸਰ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਮਰਹੂਮ ਅਟਲ ਬਿਹਾਰੀ ਵਾਜਪਾਈ ਜੀ ਦਾ ਜਨਮਦਿਨ ਸ਼ਰਧਾ ਅਤੇ ਸਨਮਾਨ ਨਾਲ ਮਨਾਇਆ ਗਿਆ। ਇਹ ਸਮਾਗਮ ਭਾਜਪਾ

ਦੇ ਸੀਨੀਅਰ ਨੇਤਾ ਤਰੁਣ ਚੁੱਗ ਦੀ ਅਗਵਾਈ ਹੇਠ ਕਰਾਇਆ ਗਿਆ, ਜਿਸ ਦੌਰਾਨ ਅਟਲ ਬਿਹਾਰੀ ਵਾਜਪਾਈ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਡੀਆ ਨਾਲ ਗੱਲਬਾਤ ਕਰਦਿਆਂ, ਤਰੁਣ ਚੁੱਗ ਨੇ ਕਿਹਾ ਕਿ ਵਾਜਪਾਈ ਜੀ ਭਾਰਤੀ ਰਾਜਨੀਤੀ ਦੇ ਉਹ ਨੇਤਾ ਸਨ ਜਿਨ੍ਹਾਂ ਨੇ ਦੇਸ਼ਹਿਤ ਨੂੰ ਹਮੇਸ਼ਾ ਸਿਆਸਤ ਤੋਂ ਉੱਪਰ ਰੱਖਿਆ।

byte

---------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਇਸ ਮਹੀਨੇ ਦੀ 9 ਤਰੀਕ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਸੰਘਣੀ ਧੁੰਦ ਦਾ RED ALERT ਜਾਰੀ ਕੀਤਾ ਏ । ਮੌਸਮ ਏਜੰਸੀ ਨੇ ਹਿਮਾਚਲ ਪ੍ਰਦੇਸ਼ ਦੇ ਦੂਰ-ਦੁਰਾਡੇ ਸਥਾਨਾਂ 'ਤੇ ਸੀਤ ਲਹਿਰ ਦੀ ਪੇਸ਼ੀਨਗੋਈ ਵੀ ਕੀਤੀ ਏ |

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਭਗਵਾਨ ਬੁੱਧ ਨਾਲ ਸਬੰਧਤ ਪਵਿੱਤਰ ਪਿਪ੍ਰਹਵਾ ਅਵਸ਼ੇਸ਼ਾਂ ਦੀ ਵਿਸ਼ਾਲ ਅੰਤਰਰਾਸ਼ਟਰੀ ਨੁਮਾਇਸ਼ ਦਾ ਉਦਘਾਟਨ ਕੀਤਾ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਸਿੱਖਿਆ ਵਿਭਾਗ ਵਿੱਚ ਨਵੇਂ ਭਰਤੀ ਹੋਏ 606 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ |

- ਅੰਮ੍ਰਿਤਸਰ ਪੁਲਿਸ ਵਲੋਂ ਬੀਤੇ ਕੁਝ ਸਾਲ ਪਹਿਲਾਂ ਗੁਮ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ’ਚ ਇੱਕ ਵਿਅਕਤੀ ਨੂੰ ਚੰਡੀਗੜ੍ਹ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ।

- ਦੇਸ਼ ਭਰ ਵਿਚ NCC ਕੈਡੇਟਸ ਦੀ ਗਿਣਤੀ ‘ਚ ਕੁੜੀਆਂ ਦਾ ਹਿੱਸਾ ਵਧਿਆ. ਇਸ ਸਾਲ ਗਣਤੰਤਰ ਦਿਵਸ ‘ਤੇ ਕਰੀਬ 900 ਕੇਦੇਟ੍ਸ ਹਿੱਸਾ ਲੈ ਰਹੀਆਂ ਨੇ |

- ਭਾਰਤੀ ਮੌਸਮ ਵਿਭਾਗ ਨੇ ਇਸ ਮਹੀਨੇ ਦੀ 9 ਤਰੀਕ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਸੰਘਣੀ ਧੁੰਦ ਦਾ RED ALERT ਜਾਰੀ ਕੀਤਾ ਏ।

---------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**